# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   26 ਮਈ 2026 ਦਿਨ ਮੰਗਲਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੰਜਾਬੀ ਯੂਨੀਵਰਸਿਟੀ ਪਟਿਆਲਾ ਐਲਿਊਮਨਾਈ ਬੀਸੀ ਚੈਪਟਰ ਵੱਲੋਂ ਸਾਲਾਨਾ ਯਾਦਗਾਰੀ ਸਮਾਗਮ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ

ਸਰੀ, 26 ਮਈ : ਪੰਜਾਬੀ ਯੂਨੀਵਰਸਿਟੀ ਪਟਿਆਲਾ ਐਲਿਊਮਨਾਈ ਬੀਸੀ ਚੈਪਟਰ ਵੱਲੋਂ ਬੀਤੇ ਦਿਨੀਂ ਆਪਣਾ ਸਾਲਾਨਾ ਸਮਾਗਮ ਕਰਵਾਇਆ ਗਿਆ। ਇਸ ਵਿਸ਼ੇਸ਼ ਸਮਾਗਮ ਵਿੱਚ ਯੂਨੀਵਰਸਿਟੀ ਦੇ ਪੁਰਾਣੇ ਵਿਦਿਆਰਥੀਆਂ, ਮੌਜੂਦਾ ਵਿਦਿਆਰਥੀਆਂ, ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਨੇ ਆਪਣੇ ਪਰਿਵਾਰਾਂ ਅਤੇ ਦੋਸਤਾਂ ਸਮੇਤ ਭਰਵੀਂ ਸ਼ਮੂਲੀਅਤ ਕੀਤੀ। ਇਸ ਮੌਕੇ ਇਕੱਠੇ ਹੋਏ ਮੈਂਬਰਾਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਜੁੜੀਆਂ ਆਪਣੀਆਂ ਪੁਰਾਣੀਆਂ ਯਾਦਾਂ ਤਾਜ਼ਾ ਕੀਤੀਆਂ ਅਤੇ ਆਪਸੀ ਸਾਂਝ ਨੂੰ ਹੋਰ ਮਜ਼ਬੂਤ ਕੀਤਾ।






ਪ੍ਰੋਗਰਾਮ ਦੀ ਸ਼ੁਰੂਆਤ ਮੀਰਾ ਗਿੱਲ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਨੂੰ ਨਿੱਘੀ "ਜੀ ਆਇਆਂ ਨੂੰ" ਕਹਿ ਕੇ ਕੀਤੀ ਗਈ। ਉਪਰੰਤ ਚੈਪਟਰ ਦੇ ਪ੍ਰਧਾਨ ਪਰਮਿੰਦਰ ਸਿੰਘ ਭਾਟੀਆ ਅਤੇ ਪਲੈਨਿੰਗ ਕਮੇਟੀ ਨੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ ਅਤੇ ਪੰਜਾਬੀ ਮੀਡੀਆ ਤੇ ਰੰਗਮੰਚ ਜਗਤ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਖਾਸ ਤੌਰ 'ਤੇ ਧੰਨਵਾਦ ਕੀਤਾ ਗਿਆ, ਜਿਨ੍ਹਾਂ ਵਿੱਚ ਰੈੱਡ ਐਫ਼ਐਮ ਦੀ ਮਸ਼ਹੂਰ ਮੇਜ਼ਬਾਨ ਜੈਸਮੀਨ, ਕੁਨੈਕਟ ਐਫ਼ਐਮ ਤੋਂ ਡਾ. ਅਮਰਜੀਤ ਭੁੱਲਰ ਤੇ ਡਾ. ਜੈਸਮੀਨ ਸਿੰਘ, ਸਕਿੱਟ ਡਾਇਰੈਕਟਰ ਰੂਪੀ ਸ਼ਰਮਾ ਅਤੇ ਪੰਜਾਬੀ ਥੀਏਟਰ ਤੇ ਮਨੋਰੰਜਨ ਜਗਤ ਦੇ ਪ੍ਰਸਿੱਧ ਅਦਾਕਾਰ ਤੇ ਲੇਖਕ ਰਾਣਾ ਰਣਬੀਰ ਸ਼ਾਮਲ ਸਨ।

ਸਾਹਿਤ ਅਤੇ ਸੱਭਿਆਚਾਰ ਦੇ ਨਾਲ-ਨਾਲ ਸਮਾਗਮ ਵਿੱਚ ਸਮਾਜਿਕ ਜਾਗਰੂਕਤਾ ਨੂੰ ਵੀ ਅਹਿਮ ਸਥਾਨ ਦਿੱਤਾ ਗਿਆ। ਸਮਾਗਮ ਦੌਰਾਨ ਅੰਗ ਦਾਨ ਬਾਰੇ ਜਾਗਰੂਕਤਾ ਫੈਲਾਉਣ ਲਈ ਯੂਨੀਵਰਸਿਟੀ ਆਫ਼ ਬ੍ਰਿਟਿਸ਼ ਕੋਲੰਬੀਆ ਤੋਂ ਰੀਤਿੰਦਰ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ ਸੀ। ਉਨ੍ਹਾਂ ਨੇ ਹਾਜ਼ਰੀਨ ਨਾਲ ਆਰਗਨ ਡੋਨੇਸ਼ਨ ਅਤੇ ਕਿਡਨੀ ਟ੍ਰਾਂਸਪਲਾਂਟ ਪ੍ਰੋਗਰਾਮ ਬਾਰੇ ਬਹੁਤ ਹੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਮੀਰਾ ਗਿੱਲ ਨੇ ਵੀ ਸਾਰਿਆਂ ਨੂੰ ਬੀਸੀ ਆਰਗਨ ਡੋਨਰ ਪ੍ਰੋਗਰਾਮ ਨਾਲ ਜੁੜਨ ਅਤੇ ਇਸ ਮਨੁੱਖੀ ਕਾਰਜ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਯੂਬੀਸੀ ਦੀ ਵਿਦਿਆਰਥਣ ਗੁਨੀਤ ਕੌਰ ਨੇ ਆਪਣੇ ਪਰਿਵਾਰ ਦਾ ਇੱਕ ਬਹੁਤ ਹੀ ਭਾਵੁਕ ਅਤੇ ਨਿੱਜੀ ਤਜਰਬਾ ਸਾਂਝਾ ਕੀਤਾ। ਉਨ੍ਹਾਂ ਦੱਸਿਆ ਕਿ ਕਿਵੇਂ ਉਨ੍ਹਾਂ ਦੇ ਪਿਤਾ ਦੀ ਗੰਭੀਰ ਬਿਮਾਰੀ ਦੌਰਾਨ ਪਰਿਵਾਰ ਨੇ ਇੱਕ ਬੇਹੱਦ ਮੁਸ਼ਕਲ ਸਮਾਂ ਦੇਖਿਆ ਅਤੇ ਕਿਵੇਂ ਇੱਕ ਕਿਡਨੀ ਟ੍ਰਾਂਸਪਲਾਂਟ ਨੇ ਨਾ ਸਿਰਫ਼ ਉਨ੍ਹਾਂ ਦੇ ਪਿਤਾ ਨੂੰ ਨਵਾਂ ਜੀਵਨ ਦਿੱਤਾ, ਸਗੋਂ ਪੂਰੇ ਪਰਿਵਾਰ ਦੀ ਜ਼ਿੰਦਗੀ ਬਦਲ ਕੇ ਉਨ੍ਹਾਂ ਨੂੰ ਨਵੀਂ ਉਮੀਦ ਅਤੇ ਖੁਸ਼ੀਆਂ ਬਖਸ਼ੀਆਂ।

ਸਮਾਗਮ ਦੇ ਅਖੀਰਲੇ ਪੜਾਅ ਵਿੱਚ ਪੰਜਾਬੀ ਯੂਨੀਵਰਸਿਟੀ ਦੇ ਪੁਰਾਣੇ ਤੇ ਮੌਜੂਦਾ ਵਿਦਿਆਰਥੀਆਂ ਅਤੇ ਐਲਿਊਮਨਾਈ ਮੈਂਬਰਾਂ ਵੱਲੋਂ ਗਿੱਧਾ, ਭੰਗੜਾ ਅਤੇ ਕਈ ਮਨੋਰੰਜਕ ਸਕਿੱਟਾਂ ਰਾਹੀਂ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਮਾਹੌਲ ਨੂੰ ਬੇਹੱਦ ਖੁਸ਼ਗਵਾਰ ਬਣਾ ਦਿੱਤਾ। ਪ੍ਰਬੰਧਕੀ ਕਮੇਟੀ ਵੱਲੋਂ ਉਨ੍ਹਾਂ ਸਾਰੇ ਵੱਖ-ਵੱਖ ਮੀਡੀਆ ਹਾਊਸਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਇਸ ਸਮਾਗਮ ਦੀ ਖ਼ਬਰ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਦੇ ਨਾਲ ਹੀ ਉਨ੍ਹਾਂ ਸਾਰੇ ਸਪਾਂਸਰਾਂ ਦਾ ਵੀ ਸ਼ੁਕਰੀਆ ਅਦਾ ਕੀਤਾ ਗਿਆ, ਜਿਨ੍ਹਾਂ ਦੇ ਆਰਥਿਕ ਅਤੇ ਨੈਤਿਕ ਸਹਿਯੋਗ ਸਦਕਾ ਇਹ ਪ੍ਰੋਗਰਾਮ ਸਫਲਤਾਪੂਰਵਕ ਨੇਪਰੇ ਚੜ੍ਹਿਆ। ਪ੍ਰਬੰਧਕਾਂ ਨੇ ਸਮਾਗਮ ਵਿੱਚ ਪਹੁੰਚੇ ਸਾਰੇ ਮੈਂਬਰਾਂ ਅਤੇ ਮਹਿਮਾਨਾਂ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੀ ਭਰਵੀਂ ਹਾਜ਼ਰੀ ਨੇ ਇਸ ਸ਼ਾਮ ਨੂੰ ਹਮੇਸ਼ਾ ਲਈ ਯਾਦਗਾਰੀ ਬਣਾ ਦਿੱਤਾ।

ਸਮਾਗਮ ਦੋਰਾਨ 'ਗੁਲਾਟੀ ਪਬਲਿਸ਼ਰਜ਼' ਵੱਲੋਂ ਹਰਦਮ ਮਾਨ ਨੇ ਪੰਜਾਬੀ ਕਿਤਾਬਾਂ ਦਾ ਵਿਸ਼ੇਸ਼ ਸਟਾਲ ਲਾਇਆ। ਪੰਜਾਬੀ ਸਾਹਿਤ ਅਤੇ ਮਾਂ-ਬੋਲੀ ਨੂੰ ਪਿਆਰ ਕਰਨ ਵਾਲੇ ਮਹਿਮਾਨਾਂ ਨੇ ਇਸ ਸਟਾਲ ਤੋਂ ਕਿਤਾਬਾਂ ਖਰੀਦੀਆਂ ਅਤੇ ਪ੍ਰਬੰਧਕਾਂ ਦੇ ਇਸ ਸਾਹਿਤਕ ਉਪਰਾਲੇ ਦੀ ਭਰਪੂਰ ਸਲਾਹੁਤਾ ਕੀਤੀ। ਸਮੁੱਚੇ ਪ੍ਰੋਗਰਾਮ ਦਾ ਸੰਚਾਲਨ ਕੁਲਦੀਪ ਸਿੰਘ ਸਿੱਧੂ, ਕੁਲਦੀਪ ਸਿੰਘ (ਸਾਂਝਾ ਟੀ.ਵੀ) ਅਤੇ ਵਿੱਕ ਥਿੰਦ ਨੇ ਬਾਖੂਬੀ ਕੀਤਾ।

## ਨਗਰ ਕੌਂਸਲ ਚੋਣਾ ਲਈ ਪੋਲਿੰਗ ਦੀ ਪ੍ਰਕਿਰਿਆ ਸ਼ੁਰੂ ਹੁੰਦਿਆਂ ਹੀ ਲੱਗੀਆਂ ਲੰਮੀਆਂ ਕਤਾਰਾਂ!

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਕੋਟਕਪੂਰਾ, 26 ਮਈ : ਅੱਜ ਸਵੇਰੇ 8:00 ਵਜੇ ਨਗਰ ਕੌਂਸਲ ਕੋਟਕਪੂਰਾ ਦੀਆਂ ਚੋਣਾ ਲਈ ਪੋਲਿੰਗ ਦੀ ਪ੍ਰਕਿਰਿਆ ਸ਼ੁਰੂ ਹੋਣ ਤੋਂ ਬਾਅਦ ਲਗਭਗ ਹਰ ਪੋਲਿੰਗ ਬੂਥ 'ਤੇ ਲੰਮੀਆਂ ਲੰਮੀਆਂ ਕਤਾਰਾਂ ਲੱਗਣੀਆਂ ਸ਼ੁਰੂ ਹੋ ਗਈਆਂ। ਵਾਰਡ ਨੰਬਰ 3 ਦੇ ਬੂਥ ਨੰਬਰ 5 'ਤੇ ਸਵੇਰੇ 9:40 ਵਜੇ 1375 ਵਿੱਚੋਂ 171, ਬੂਥ ਨੰਬਰ 6 'ਤੇ 1309 ਵਿੱਚੋਂ 119, ਵਾਰਡ ਨੰਬਰ 4 ਦੇ ਬੂਥ ਨੰਬਰ 7 'ਤੇ ਸਵੇਰੇ 9:45 ਵਜੇ 1269 'ਚੋਂ 142, ਬੂਥ ਨੰਬਰ 8 'ਤੇ 1274 ਵਿੱਚੋਂ 178, ਵਾਰਡ ਨੰਬਰ 5 ਦੇ ਬੂਥ ਨੰਬਰ 9 'ਤੇ 730 'ਚੋਂ 128 ਸਵੇਰੇ 9:50 ਵਜੇ, ਬੂਥ ਨੰਬਰ 10 'ਤੇ 1125 'ਚੋਂ 192, ਬੂਥ ਨੰਬਰ 11 'ਤੇ 1084 ਵਿੱਚੋਂ 140, ਵਾਰਡ ਨੰਬਰ 6 ਦੇ ਬੂਥ ਨੰਬਰ 12 'ਤੇ ਸਵੇਰੇ 10:00 ਵਜੇ 1167 'ਚੋਂ 144, ਬੂਥ ਨੰਬਰ 13 'ਤੇ 1345/187, ਵਾਰਡ ਨੰਬਰ 8 ਦੇ ਬੂਥ





ਨੰਬਰ 16 'ਤੇ 10:30 ਵਜੇ 1249/255, ਬੂਥ ਨੰਬਰ 17 'ਤੇ 636/150, ਬੂਥ ਨੰਬਰ 18 'ਤੇ 1012/217, ਵਾਰਡ ਨੰਬਰ 9 ਦੇ ਬੂਥ ਨੰਬਰ 19 'ਤੇ 10:50 ਵਜੇ 1145/300, ਬੂਥ ਨੰਬਰ 20 'ਤੇ 750/250, ਬੂਥ ਨੰਬਰ 21 'ਤੇ 825/240, ਵਾਰਡ ਨੰਬਰ 10 'ਤੇ ਬੂਥ ਨੰਬਰ 22 'ਤੇ 1169/285, ਬੂਥ ਨੰਬਰ 23 'ਤੇ 1190/273, ਵਾਰਡ ਨੰਬਰ 11 'ਤੇ ਬੂਥ ਨੰਬਰ 'ਤੇ 847/262, ਬੂਥ ਨੰਬਰ 25 'ਤੇ 948/248, ਬੂਥ ਨੰਬਰ 26 'ਤੇ 933/236, ਵਾਰਡ ਨੰਬਰ 12 ਬੂਥ ਨੰਬਰ 'ਤੇ 1154/247, ਬੂਥ ਨੰਬਰ 28 'ਤੇ 1140/285, ਵਾਰਡ ਨੰਬਰ 13 'ਤੇ ਬੂਥ ਨੰਬਰ 29 'ਤੇ 1290/318, ਬੂਥ ਨੰਬਰ 30 'ਤੇ 1289/300, ਵਾਰਡ ਨੰਬਰ 14 'ਤੇ ਬੂਥ ਨੰਬਰ 31 'ਤੇ 1250/442, ਬੂਥ ਨੰਬਰ 32 'ਤੇ 1343/270, ਵਾਰਡ ਨੰਬਰ 16 ਦੇ ਬੂਥ ਨੰਬਰ 35 'ਤੇ 1184/169, ਬੂਥ ਨੰਬਰ 36 'ਤੇ 1203/250, ਵਾਰਡ ਨੰਬਰ 17 ਦੇ ਬੂਥ ਨੰਬਰ 37 'ਤੇ 1051/ 268, ਬੂਥ ਨੰਬਰ 38 'ਤੇ 1187/203, ਵਾਰਡ ਨੰਬਰ 24 ਦੇ ਬੂਥ ਨੰਬਰ 52 'ਤੇ 883/419, ਬੂਥ ਨੰਬਰ 53 'ਤੇ 986/439, ਬੂਥ ਨੰਬਰ 54 'ਤੇ 975/450, ਵਾਰਡ ਨੰਬਰ 25 ਦੇ ਬੂਥ ਨੰਬਰ 55 'ਤੇ 1182/346, ਬੂਥ ਨੰਬਰ 56 'ਤੇ 1190/440, ਵਾਰਡ ਨੰਬਰ 26 ਵਿਖੇ ਦੁਪਹਿਰ 1:00 ਵਜੇ ਬੂਥ ਨੰਬਰ 57 'ਤੇ 979/429, ਬੂਥ ਨੰਬਰ 58 'ਤੇ 1083/461, ਬੂਥ ਨੰਬਰ 59 'ਤੇ 1083/473, ਵਾਰਡ ਨੰਬਰ 28 ਵਿਖੇ 1:35 ਵਜੇ ਬੂਥ ਨੰਬਰ 62 'ਤੇ 866/498, ਬੂਥ ਨੰਬਰ 63 'ਤੇ 1014/463, ਬੂਥ ਨੰਬਰ 64 'ਤੇ 901/480 ਵੋਟਾਂ ਪੋਲ ਹੋਈਆਂ ਸਨ। ਪੁਲਿਸ ਪ੍ਰਸ਼ਾਸ਼ਨ ਦੇ ਸਖਤ ਪ੍ਰਬੰਧਾਂ ਕਰਕੇ ਸ਼ਹਿਰ ਵਿੱਚ ਕੁੱਲ ਮਿਲਾ ਕੇ ਸ਼ਾਂਤੀਪੂਰਵਕ ਪੋਲਿੰਗ ਪ੍ਰਕਿਰਿਆ ਨੇਪਰੇ ਚੜੀ।

## ਡਾ. ਬਲਬੀਰ ਸਿੰਘ ਵੱਲੋਂ ਅਰਬਨ ਅਸਟੇਟ 'ਚ 5 ਕਰੋੜ ਨਾਲ 25 ਕਿਲੋਮੀਟਰ ਸੜਕਾਂ ਦਾ ਕੰਮ ਸ਼ੁਰੂ

### ਵਿਕਾਸ ਕਾਰਜਾਂ ਨਾਲ ਪਟਿਆਲਾ ਦੀ ਬਦਲੇਗੀ ਤਸਵੀਰ – ਡਾ. ਬਲਬੀਰ ਸਿੰਘ

### ਅਰਬਨ ਅਸਟੇਟ ਦੇ ਵਾਸੀਆਂ ਨੇ ਸਫਾਈ ਵਿੱਚ ਬਣਾਈ ਮਿਸਾਲ – ਸਿਹਤ ਮੰਤਰੀ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 26 ਮਈ:ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦੇ ਅਰਬਨ ਅਸਟੇਟ ਫੇਜ਼-2 ਵਿੱਚ ਕਰੀਬ 5 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਹੀਆਂ 25 ਕਿਲੋਮੀਟਰ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸੂਬੇ ਦੇ ਹਰ ਸ਼ਹਿਰ ਤੇ ਪਿੰਡ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ।





ਡਾ. ਬਲਬੀਰ ਸਿੰਘ ਨੇ ਕਿਹਾ ਕਿ ਅਰਬਨ ਅਸਟੇਟ ਫੇਜ਼-2 ਦੀਆਂ ਸੜਕਾਂ ਦੇ ਨਵੀਨੀਕਰਨ ਨਾਲ ਇਲਾਕਾ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਆਵਾਜਾਈ ਹੋਰ ਸੁਗਮ ਬਣੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਲਾਕੇ ਦੇ ਪਾਰਕਾਂ ਦੀ ਮੁਰੰਮਤ ਅਤੇ ਸੁੰਦਰਤਾ ਵਧਾਉਣ ਲਈ ਵੀ ਵਿਸ਼ੇਸ਼ ਫੰਡ ਜਾਰੀ ਕੀਤੇ ਗਏ ਹਨ ਜੋ ਲੋਕਾਂ ਨੂੰ ਸਾਫ-ਸੁਥਰਾ ਅਤੇ ਹਰਾ-ਭਰਾ ਵਾਤਾਵਰਨ ਮਿਲ ਸਕੇ।

ਸਿਹਤ ਮੰਤਰੀ ਨੇ ਇਲਾਕਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਆਲੇ-ਦੁਆਲੇ ਦਾ ਵਾਤਾਵਰਨ ਸਾਫ-ਸੁਥਰਾ ਰੱਖਣਾ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜਗ੍ਹਾ-ਜਗ੍ਹਾ ਗੰਦਗੀ ਦੇ ਢੇਰ ਨਾ ਲੱਗਣ ਦਿੱਤੇ ਜਾਣ ਅਤੇ ਲੋਕ ਆਪਣੇ ਘਰਾਂ ਅਤੇ ਮੁਹੱਲਿਆਂ ਦੀ ਸਫਾਈ ਵੱਲ ਖਾਸ ਧਿਆਨ ਦੇਣ। ਉਨ੍ਹਾਂ ਅਰਬਨ ਅਸਟੇਟ ਦੇ ਵਾਸੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਲਾਕੇ ਦੇ ਲੋਕਾਂ ਨੇ ਆਪਣੇ ਇਲਾਕੇ ਨੂੰ ਬਹੁਤ ਹੀ ਸਾਫ-ਸੁਥਰਾ ਅਤੇ ਸੁਚੱਜਾ ਬਣਾਕੇ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਹੋਰ ਇਲਾਕਿਆਂ ਦੇ ਲੋਕਾਂ ਨੂੰ ਵੀ ਇਸ ਤੋਂ ਪ੍ਰੇਰਣਾ ਲੈਣੀ ਚਾਹੀਦੀ ਹੈ।

ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਰੁੱਖ ਲਗਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਪੌਦੇ ਸਾਡੇ ਵਾਤਾਵਰਨ ਨੂੰ ਸੁੱਚਾ ਰੱਖਣ ਦੇ ਨਾਲ-ਨਾਲ ਮਨੁੱਖੀ ਜੀਵਨ ਲਈ ਆਕਸੀਜਨ ਦਾ ਮੁੱਖ ਸਰੋਤ ਹਨ। ਉਨ੍ਹਾਂ ਕਿਹਾ ਕਿ ਕੁਦਰਤ ਨਾਲ ਜੁੜ ਕੇ ਹੀ ਮਨੁੱਖ ਅਸਲ ਸੁੱਖ ਅਤੇ ਸ਼ਾਂਤੀ ਦਾ ਅਨੰਦ ਮਾਣ ਸਕਦਾ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਮਕਸਦ ਸੂਬੇ ਦੇ ਹਰ ਨਾਗਰਿਕ ਤੱਕ ਬਿਹਤਰ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਹੈ। ਇਸੇ ਵਚਨਬੱਧਤਾ ਨਾਲ ਸਰਕਾਰ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਕਾਰਜਾਂ ਦੀ ਇਹ ਲੜੀ ਲਗਾਤਾਰ ਜਾਰੀ ਰਹੇਗੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਸਿਹਤ ਮੰਤਰੀ ਦਾ ਧੰਨਵਾਦ ਕੀਤਾ ਗਿਆ ਅਤੇ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ ਗਈ।

ਇਸ ਮੌਕੇ ਪੀ ਡੀ ਏ ਦੇ ਮੁੱਖ ਪ੍ਰਸ਼ਾਸ਼ਕ ਮਿਸ ਅਪਰਨਾ, ਚੀਫ਼ ਇੰਜੀਨੀਅਰ ਅਜੇ ਗਰਗ, ਐਸ ਈ ਵਰੁਣ ਗਰਗ, ਐਕਸੀਅਨ ਇੰਜ: ਮੁਨੀਸ਼ ਮਹਿਤਾ, ਐਸ ਡੀ ਈ ਇੰਜ: ਰਾਜੀਵ ਕੁਮਾਰ, ਜੇ ਈ ਇੰਜ: ਅਵਤਾਰ ਸਿੰਘ ਤੋਂ ਇਲਾਵਾ ਇਲਾਕਾ ਵਾਸੀ ਮੌਜੂਦ ਸਨ।

## ਜਨਮ ਦਿਨ ਤੇ ਵਿਸ਼ੇਸ਼ -ਬਲਦੇਵ ਸਿੰਘ ਬੇਦੀ — ਸਾਹਿਤ, ਖੋਜ ਅਤੇ ਸਮਾਜ ਨਾਲ ਜੁੜੀ ਪ੍ਰੇਰਣਾਦਾਇਕ ਸ਼ਖ਼ਸੀਅਤ

ਵਰਲਡ ਪੰਜਾਬੀ ਟਾਈਮਜ਼
ਮਹਿੰਦਰ ਸਿੰਘ ਝੰਮਟ



ਸਾਹਿਤ ਦੀ ਦੁਨੀਆ ਵਿੱਚ ਕੁਝ ਅਜਿਹੀਆਂ ਸ਼ਖ਼ਸੀਅਤਾਂ ਹੁੰਦੀਆਂ ਹਨ ਜੋ ਆਪਣੀ ਕਲਮ ਨਾਲ ਸਿਰਫ਼ ਸ਼ਬਦ ਨਹੀਂ ਲਿਖਦੀਆਂ, ਸਗੋਂ ਪਾਠਕਾਂ ਦੇ ਦਿਲਾਂ ਵਿੱਚ ਇੱਕ ਅਮਿੱਟ ਛਾਪ ਛੱਡ ਜਾਂਦੀਆਂ ਹਨ। ਅਜਿਹੇ ਹੀ ਮਾਣਯੋਗ ਅਤੇ ਸਨਮਾਨਿਤ ਲੇਖਕ ਹਨ ਬਲਦੇਵ ਸਿੰਘ ਬੇਦੀ, ਜਿਨ੍ਹਾਂ ਨੇ ਪਿਛਲੇ ਤਿੰਨ ਦਹਾਕਿਆਂ ਤੋਂ ਆਪਣੀ ਲੇਖਣੀ ਰਾਹੀਂ ਪੰਜਾਬੀ ਸਾਹਿਤ, ਪੱਤਰਕਾਰਤਾ ਅਤੇ ਸਮਾਜ ਨੂੰ ਵਿਲੱਖਣ ਯੋਗਦਾਨ ਦਿੱਤਾ ਹੈ। ਉਹਨਾਂ ਦੀ ਲਿਖਤ ਵਿੱਚ ਸਿਰਫ਼ ਜਾਣਕਾਰੀ ਹੀ ਨਹੀਂ, ਸਗੋਂ ਸੱਚਾਈ, ਖੋਜ, ਤਜਰਬੇ ਅਤੇ ਭਾਵਨਾਵਾਂ ਦਾ ਸੁੰਦਰ ਮੇਲ ਵੀ ਨਜ਼ਰ ਆਉਂਦਾ ਹੈ।

ਹਰ ਲੇਖਕ ਦੀ ਇਹ ਇੱਛਾ ਹੁੰਦੀ ਹੈ ਕਿ ਉਸਦੇ ਲਿਖੇ ਸ਼ਬਦ ਲੋਕਾਂ ਦੇ ਦਿਲਾਂ ਤੱਕ ਪਹੁੰਚਣ। ਪਰ ਬਲਦੇਵ ਸਿੰਘ ਬੇਦੀ ਉਹਨਾਂ ਲੇਖਕਾਂ ਵਿੱਚੋਂ ਹਨ ਜੋ ਪ੍ਰਸਿੱਧੀ ਲਈ ਨਹੀਂ, ਸਗੋਂ ਆਪਣੇ ਅੰਦਰਲੇ ਜਜ਼ਬੇ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੇ ਅਹਿਸਾਸ ਨਾਲ ਲਿਖਦੇ ਹਨ। ਇਹੀ ਕਾਰਨ ਹੈ ਕਿ ਉਹਨਾਂ ਦੀ ਲਿਖਤ ਹਰ ਵਰਗ ਅਤੇ ਹਰ ਉਮਰ ਦੇ ਪਾਠਕ ਨੂੰ ਆਪਣੀ ਓਰ ਖਿੱਚਦੀ ਹੈ। ਉਹ ਹਰ ਵਿਸ਼ੇ ਨੂੰ ਬਹੁਤ ਹੀ ਗੰਭੀਰਤਾ ਨਾਲ ਸਮਝਦੇ ਹਨ ਅਤੇ ਉਸਦੀ ਗਹਿਰਾਈ ਵਿੱਚ ਜਾ ਕੇ ਤੱਥਾਂ ਸਮੇਤ ਪੇਸ਼ ਕਰਦੇ ਹਨ।

ਬੇਦੀ ਸਾਹਿਬ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਦਿਹਾੜਿਆਂ ਤੋਂ ਲੈ ਕੇ ਫ਼ਿਲਮੀ ਦੁਨੀਆ, ਸਮਾਜਿਕ ਰਿਸ਼ਤਿਆਂ, ਸੱਭਿਆਚਾਰ, ਜਨਰਲ ਨੋਲੇਜ ਅਤੇ ਹੋਰ ਅਨੇਕਾਂ ਵਿਸ਼ਿਆਂ 'ਤੇ ਬਹੁਤ ਹੀ ਖੋਜਮਈ ਅਤੇ ਜਾਣਕਾਰੀਪੂਰਣ ਲੇਖ ਲਿਖੇ ਹਨ। ਉਹਨਾਂ ਦੀ ਲਿਖਤ ਦੀ ਸਭ ਤੋਂ ਵੱਡੀ ਖ਼ਾਸੀਅਤ ਇਹ ਹੈ ਕਿ ਉਹ ਸਿਰਫ਼ ਜਾਣਕਾਰੀ ਦੇਣ ਤੱਕ ਸੀਮਤ ਨਹੀਂ ਰਹਿੰਦੇ, ਸਗੋਂ ਪਾਠਕਾਂ ਨੂੰ ਆਪਣੇ ਇਤਿਹਾਸ, ਪੁਰਾਣੀਆਂ ਯਾਦਾਂ ਅਤੇ ਸੱਭਿਆਚਾਰ ਨਾਲ ਵੀ ਜੋੜਦੇ ਹਨ। ਉਹਨਾਂ ਦੇ ਲੇਖ ਪੜ੍ਹ ਕੇ ਅਕਸਰ ਇਹ ਮਹਿਸੂਸ ਹੁੰਦਾ ਹੈ ਕਿ ਜਿਵੇਂ ਕੋਈ ਜੀਵੰਤ ਤਸਵੀਰ ਅੱਖਾਂ ਸਾਹਮਣੇ ਉਭਰ ਰਹੀ ਹੋਵੇ।

ਉਹਨਾਂ ਦੀ ਕਲਮ ਦਾ ਅਸਰ ਸਿਰਫ਼ ਅਖ਼ਬਾਰਾਂ ਤੱਕ ਹੀ ਸੀਮਤ ਨਹੀਂ ਰਿਹਾ। ਬਲਦੇਵ ਸਿੰਘ ਬੇਦੀ ਦੇ ਲੇਖ ਅਕਾਸ਼ਵਾਣੀ ਜਲੰਧਰ, ਪਟਿਆਲਾ ਅਤੇ ਬਠਿੰਡਾ ਕੇਂਦਰਾਂ ਤੋਂ ਵੀ ਪ੍ਰਸਾਰਿਤ ਕੀਤੇ ਜਾਂਦੇ ਰਹੇ ਹਨ। ਇਹ ਕਿਸੇ ਵੀ ਲੇਖਕ ਲਈ ਮਾਣ ਅਤੇ ਸਨਮਾਨ ਦੀ ਗੱਲ ਹੁੰਦੀ ਹੈ ਕਿ ਉਸਦੀ ਲਿਖਤ ਨੂੰ ਰੇਡੀਓ ਵਰਗੇ ਮਾਣਯੋਗ ਮਾਧਿਅਮ ਰਾਹੀਂ ਲੋਕਾਂ ਤੱਕ ਪਹੁੰਚਾਇਆ ਜਾਵੇ। ਇਹ ਉਹਨਾਂ ਦੀ ਲੇਖਣੀ ਦੀ ਗੁਣਵੱਤਾ ਅਤੇ ਲੋਕਪ੍ਰਿਯਤਾ ਦਾ ਜੀਵੰਤ ਸਬੂਤ ਹੈ।

ਫੈਕਟਰੀ ਲਾਈਨ ਨਾਲ ਜੁੜੇ ਹੋਣ ਦੇ ਬਾਵਜੂਦ ਬੇਦੀ ਸਾਹਿਬ ਨੇ ਆਪਣੀ ਕਲਮ ਨੂੰ ਕਦੇ ਆਪਣੇ ਤੋਂ ਦੂਰ ਨਹੀਂ ਹੋਣ ਦਿੱਤਾ। ਜੀਵਨ ਦੀਆਂ ਵਿਆਸਤਾਵਾਂ ਦੇ ਬਾਵਜੂਦ ਉਹਨਾਂ ਨੇ ਸਾਹਿਤਕ ਯਾਤਰਾ ਨੂੰ ਪੂਰੇ ਸਮਰਪਣ ਨਾਲ ਜਾਰੀ ਰੱਖਿਆ। ਇਹ ਉਹਨਾਂ ਦੀ ਮਿਹਨਤ, ਲਗਨ ਅਤੇ ਸਾਹਿਤ ਪ੍ਰਤੀ ਡੂੰਘੇ ਪਿਆਰ ਨੂੰ ਦਰਸਾਉਂਦਾ ਹੈ। ਪੰਜਾਬੀ, ਹਿੰਦੀ ਅਤੇ ਉਰਦੂ ਅਖ਼ਬਾਰਾਂ ਵਿੱਚ ਉਹਨਾਂ ਦੇ ਲੇਖ ਲਗਾਤਾਰ ਪ੍ਰਕਾਸ਼ਿਤ ਹੋ ਰਹੇ ਹਨ ਅਤੇ ਦੇਸ਼ ਹੀ ਨਹੀਂ, ਸਗੋਂ ਵਿਦੇਸ਼ਾਂ ਵਿੱਚ ਵੀ ਪੜ੍ਹੇ ਜਾਂਦੇ ਹਨ। ਇਹ ਪੰਜਾਬੀ ਮਾਂ ਬੋਲੀ ਲਈ ਵੀ ਮਾਣ ਵਾਲੀ ਗੱਲ ਹੈ ਕਿ ਇੱਕ ਪੰਜਾਬੀ ਲੇਖਕ ਦੀ ਕਲਮ ਦੀ ਗੂੰਜ ਸਰਹੱਦਾਂ ਤੋਂ ਪਾਰ ਵੀ ਸੁਣੀ ਜਾ ਰਹੀ ਹੈ।

ਬਲਦੇਵ ਸਿੰਘ ਬੇਦੀ ਸਿਰਫ਼ ਇੱਕ ਵਧੀਆ ਲੇਖਕ ਹੀ ਨਹੀਂ, ਸਗੋਂ ਬਹੁਤ ਹੀ ਮਿਲਾਪੜੇ, ਹੱਸਮੁਖ ਅਤੇ ਸਹਿਯੋਗੀ ਇਨਸਾਨ ਵੀ ਹਨ। ਉਹ ਨਵੇਂ ਲੇਖਕਾਂ ਨੂੰ ਅੱਗੇ ਲਿਆਉਣ ਅਤੇ ਉਹਨਾਂ ਦੀ ਹੌਸਲਾ ਅਫ਼ਜ਼ਾਈ ਕਰਨ ਵਿੱਚ ਹਮੇਸ਼ਾਂ ਅੱਗੇ ਰਹਿੰਦੇ ਹਨ। ਉਹ ਨਵੀਂ ਪੀੜ੍ਹੀ ਨੂੰ ਸਾਹਿਤ ਨਾਲ ਜੋੜਨ ਲਈ ਪ੍ਰੇਰਿਤ ਕਰਦੇ ਹਨ ਅਤੇ ਆਪਣਾ ਤਜਰਬਾ ਸਾਂਝਾ ਕਰਕੇ ਉਹਨਾਂ ਨੂੰ ਸਹੀ ਦਿਸ਼ਾ ਦਿਖਾਉਂਦੇ ਹਨ। ਇਹ ਗੁਣ ਕਿਸੇ ਵੀ ਮਹਾਨ ਸਾਹਿਤਕਾਰ ਦੀ ਪਹਿਚਾਣ ਹੁੰਦੇ ਹਨ।

ਉਹਨਾਂ ਦੀ ਲਿਖਤ ਵਿੱਚ ਇੱਕ ਖ਼ਾਸ ਸਾਦਗੀ ਅਤੇ ਪ੍ਰਭਾਵਸ਼ਾਲੀ ਅੰਦਾਜ਼ ਹੈ। ਉਹ ਔਖੇ ਤੋਂ ਔਖੇ ਵਿਸ਼ਿਆਂ ਨੂੰ ਵੀ ਬਹੁਤ ਹੀ ਆਸਾਨ ਅਤੇ ਦਿਲਚਸਪ ਢੰਗ ਨਾਲ ਪੇਸ਼ ਕਰਦੇ ਹਨ, ਜਿਸ ਕਰਕੇ ਪਾਠਕ ਉਹਨਾਂ ਦੇ ਲੇਖਾਂ ਨਾਲ ਸ਼ੁਰੂ ਤੋਂ ਅੰਤ ਤੱਕ ਜੁੜਿਆ ਰਹਿੰਦਾ ਹੈ। ਉਹਨਾਂ ਦੀ ਲੇਖਣੀ ਵਿੱਚ ਸੱਚਾਈ, ਇਨਸਾਨੀਅਤ ਅਤੇ ਭਾਵਨਾਵਾਂ ਦੀ ਗਹਿਰੀ ਝਲਕ ਸਪਸ਼ਟ ਨਜ਼ਰ ਆਉਂਦੀ ਹੈ।

ਅੱਜ ਜਨਮ ਦਿਨ ਦੇ ਇਸ ਖੁਸ਼ੀ ਭਰੇ ਮੌਕੇ 'ਤੇ ਬਲਦੇਵ ਸਿੰਘ ਬੇਦੀ ਵਰਗੀ ਮਹਾਨ ਸ਼ਖ਼ਸੀਅਤ ਨੂੰ ਦਿਲੋਂ ਬਹੁਤ ਬਹੁਤ ਵਧਾਈਆਂ। ਅਰਦਾਸ ਹੈ ਕਿ ਪਰਮਾਤਮਾ ਉਹਨਾਂ ਨੂੰ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰੱਖੇ, ਚੰਗੀ ਸਿਹਤ ਅਤੇ ਲੰਮੀ ਉਮਰ ਬਖ਼ਸ਼ੇ। ਉਹ ਇਸੇ ਤਰ੍ਹਾਂ ਆਪਣੀ ਕਲਮ ਰਾਹੀਂ ਪੰਜਾਬੀ ਸਾਹਿਤ ਦੀ ਝੋਲੀ ਨੂੰ ਭਰਦੇ ਰਹਿਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਦਾ ਸਰੋਤ ਬਣੇ ਰਹਿਣ।